# ਦਫਤਰ ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਭਵਨ ਤੇ ਮਾਰਗ ਸ਼ਾਖਾ, ਸ੍ਰੀ ਮੁਕਤਸਰ ਸਾਹਿਬ।

Email ID: eecdmuktsarpwdpb@ gmail. com

ਵੱਲ,

ਪ੍ਰਿੰਸੀਪਲ,
ਸ੍ਰੀ ਚੇਤਨਿਆ ਟੈਕਨੋ ਸਕੂਲ,
ਮਲੋਟ ਰੋਡ ਬਾਈਪਾਸ, ਸ੍ਰੀ ਮੁਕਤਸਰ ਸਾਹਿਬ।

ਨੰਬਰ: 2560 ਮਿਤੀ: 10-7-26

ਵਿਸ਼ਾ:- ਸਾਲ 2026-27 ਲਈ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਲੈਣ ਸਬੰਧੀ। (ਸ੍ਰੀ ਚੇਤਨਿਆ ਟੈਕਨੋ ਸਕੂਲ, ਮਲੋਟ ਰੋਡ ਬਾਈਪਾਸ, ਸ੍ਰੀ ਮੁਕਤਸਰ ਸਾਹਿਬ) ।

ਹਵਾਲਾ:- ਆਪ ਦਾ ਬਿਨੈ-ਪੱਤਰ ਨਿੱਲ ਮਿਤੀ 01-07-2026

ਉਪਰੋਕਤ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2026-27 ਲੈਣ ਲਈ ਆਪ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪ ਦਾ ਸਕੂਲ ਦੀ ਬਿਲਡਿੰਗ ਦਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਭ ਤੇ ਮ ਸ਼ਾਖਾ, ਸ੍ਰੀ ਮੁਕਤਸਰ ਸਾਹਿਬ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2026-27 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮਿਖਿਆ ਅਤੇ ਅਪਡੇਟ ਕਰਦੇ ਰਹਿਣਾ ਚਾਹੀਦਾ ਹੈ।
2. ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਥਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਨੂੰ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।
4. ਸਬੰਧਿਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜਿੰਮੇਵਾਰ ਹੈ।
6. ਸਕੂਲ ਨੂੰ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕਾਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਿਲ ਹਨ।
7. ਸਕੂਲ ਦੇ ਕਵਰਡ ਏਰੀਏ ਦੀ ਹਿਸਾਬ ਨਾਲ ਮੰਡਲ ਦਫਤਰ ਵੱਲੋਂ ਚਾਲਾਨ ਰਾਹੀਂ ਦਸ ਹਜਾਰ ਰੁਪਏ (10000/-) ਬਿਲਡਿੰਗ ਨਿਰੀਖਣ ਫੀਸ ਵਜੋਂ ਜਮ੍ਹਾਂ ਕਰਵਾ ਦਿੱਤੇ ਗਏ ਹਨ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 29-06-2029 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇਂ ਸੀਮਾਂ ਅੰਦਰ ਫਾਇਰ ਫਾਇਰ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜਿੰਮੇਵਾਰ ਹੋਵੇਗਾ।
8. ਇਸ ਪੱਤਰ/ ਸਰਟੀਫਿਕੇਟ ਦੀ ਸਕੂਲ ਦੀ ਜਗ੍ਹਾ ਦੀ ਮਲਕੀਅਤ ਨਾਲ ਕੋਈ ਸਬੰਧ ਨਹੀਂ ਹੈ।
9. ਇਸ ਪੱਤਰ/ ਸਰਟੀਫਿਕੇਟ ਦਾ ਸਕੂਲ ਦੇ ਪਲਾਟ ਏਰੀਏ ਨਾਲ ਕੋਈ ਸਬੰਧ ਨਹੀਂ ਹੈ।
10. ਇਸ ਮੰਨਜੂਰੀ ਦਾ ਸ਼ਡਿਊਲਡ ਰੋਡ ਐਕਟ ਨਾਲ ਕੋਈ ਸਬੰਧ ਨਹੀਂ ਹੈ।
11. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਹੈ।
12. ਜੇਕਰ ਭਵਿੱਖ ਵਿੱਚ ਪੰਜਾਬ ਸਰਕਾਰ ਵੱਲੋਂ ਕੋਈ ਵੀ ਰੋਡ ਅਸੈਸ ਜਾਂ ਕੋਈ ਹੋਰ ਫੀਸ ਪ੍ਰਾਪਤ ਕਰਨ ਲਈ ਹਦਾਇਤਾਂ ਪ੍ਰਾਪਤ ਹੁੰਦੀਆਂ ਹਨ ਤਾਂ ਉਹ ਫੀਸ ਆਪ ਦਾ ਸਕੂਲ ਭਰਨ ਲਈ ਪਾਬੰਦ ਹੋਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਆਪ ਨੂੰ ਬਿਨ੍ਹਾਂ ਕੋਈ ਨੋਟਿਸ ਦਿੱਤੇ ਜਾਰੀ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਕੀਤਾ ਜਾ ਸਕਦਾ ਹੈ।

ਦਸਤਖਤ [signature]
ਨੱਥੀ/ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਭ ਤੇ ਮ ਸ਼ਾਖਾ,
ਸ੍ਰੀ ਮੁਕਤਸਰ ਸਾਹਿਬ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਭ ਤੇ ਮ ਸ਼ਾਖਾ, ਸ੍ਰੀ ਮੁਕਤਸਰ ਸਾਹਿਬ ਨੂੰ ਉਹਨਾਂ ਦੇ ਪੱਤਰ ਨੰਬਰ: 206 ਮਿਤੀ: 01-07-2026 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਭ ਤੇ ਮ ਸ਼ਾਖਾ,
ਸ੍ਰੀ ਮੁਕਤਸਰ ਸਾਹਿਬ।